# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 02-09-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੱਲ੍ਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਗੱਲਬਾਤ ਕੀਤੀ ਅਤੇ ਪੰਜਾਬ ਵਿੱਚ ਮੀਂਹ ਅਤੇ ਹੜ੍ਹਾਂ ਕਾਰਨ ਪੈਦਾ ਹੋਈ ਸਥਿਤੀ ਬਾਰੇ ਚਰਚਾ ਕੀਤੀ। ਸਰਕਾਰੀ ਹਲਕਿਆਂ ਮੁਤਾਬਿਕ, ਚੀਨ ਤੋਂ ਦਿੱਲੀ ਪਹੁੰਚਣ ਤੋਂ ਫੌਰਨ ਬਾਅਦ, ਸ਼੍ਰੀ ਮੋਦੀ ਨੇ, ਪੰਜਾਬ ਦੇ ਮੁੱਖ ਮੰਤਰੀ ਨੂੰ ਫ਼ੋਨ ਕੀਤਾ ਅਤੇ ਸੂਬੇ ਨੂੰ ਹਰ ਸੰਭਵ ਮਦਦ ਅਤੇ ਹਮਾਇਤ ਦਾ ਭਰੋਸਾ ਦਿੱਤਾ।

------------------------------------------------------------------------

ਪੰਜਾਬ ਵਿੱਚ ਹੜ੍ਹਾਂ ਦਾ ਕਹਿਰ ਪਹਿਲੀ ਅਗਸਤ ਤੋਂ ਹੁਣ ਤੱਕ ਜਾਰੀ ਏ । ਸਰਹੱਦੀ ਸੂਬੇ ਵਿੱਚ ਆ ਰਹੇ ਸਭ ਤੋਂ ਭਿਆਨਕ ਹੜ੍ਹਾਂ ਵਿੱਚ 29 ਲੋਕਾਂ ਦੀ ਮੌਤ ਹੋ ਗਈ ਏ । ਹੜ੍ਹਾਂ ਨਾਲ ਪ੍ਰਭਾਵਿਤ ਸਾਰੇ 12 ਜ਼ਿਲ੍ਹਿਆਂ ਵਿੱਚ ਜਾਨਾਂ ਗਈਆਂ ਨੇ । ਪਠਾਨਕੋਟ ਵਿੱਚ ਸਭ ਤੋਂ ਵੱਧ 6 ਮੌਤਾਂ ਹੋਈਆਂ ਨੇ ਅਤੇ ਇਸ ਸਰਹੱਦੀ ਜ਼ਿਲ੍ਹੇ ਤੋਂ 3 ਵਿਅਕਤੀਆਂ ਦੇ ਲਾਪਤਾ ਹੋਣ ਦੀ ਖਬਰ ਵੀ ਏ. 2 ਲਖ 46 ਹਜ਼ਾਰ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਨੇ ਜਿਹਨਾਂ 'ਚੋਂ ਸਭ ਤੋਂ ਵੱਧ 1 ਲਖ 45 ਹਜ਼ਾਰ ਲੋਕ ਇਕੱਲੇ ਗੁਰਦਾਸਪੁਰ

ਦੇ ਹੀ ਨੇ. 15 ਹਜ਼ਾਰ 600 ਤੋਂ ਵੱਧ ਲੋਕਾਂ ਨੂੰ ਸੁਰਖਿਅਤ ਬਾਹਰ ਕੱਢਿਆ ਗਿਆ ਏ ਵੇਰਵੇ ਨਾਲ

*ਇੱਕ ਰਿਪੋਰਟ*

*ਹੜ੍ਹਾਂ ਨਾਲ ਜੂਝ ਰਹੇ ਪੰਜਾਬ ਵਿੱਚ ਹੋ ਰਾਹੀਂ ਭਾਰੀ ਬਾਰਿਸ਼ ਨੇ ਲੋਕਾਂ ਦੇ ਦਰਦ ਨੂੰ ਹੋਰ ਵਧਾ ਦਿੱਤਾ ਹੈ। ਮੌਸਮ ਵਿਗਿਆਨੀ ਪਵਨੀਤ ਕੌਰ ਕਿੰਗਰਾ ਦੇ ਅਨੁਸਾਰ, ਨਿਰੰਤਰ ਪੈ ਰਹੀ ਇਸ ਬਾਰਿਸ਼ ਨੇ ਰਾਜ ਵਿੱਚ ਪਿਛਲੇ 55 ਸਾਲਾਂ ਦਾ ਰਿਕਾਰਡ ਤੋੜ ਦਿਤਾ ਹੈ। ਹਜ਼ਾਰਾਂ ਏਕੜ ਜ਼ਮੀਨ ਫਸਲਾ ਸਮੇਤ ਪ੍ਰਭਾਵਿਤ ਹੋਈ ਹੈ, ਸੈਂਕੜੇ ਪਸ਼ੂ ਵੀ ਡੁੱਬਣ ਕਾਰਨ ਮਰ ਗਏ ਹਨ। ਗੁਰਦਾਸਪੁਰ, ਅੰਮ੍ਰਿਤਸਰ, ਫਾਜ਼ਿਲਕਾ, ਫਿਰੋਜ਼ਪੁਰ, ਪਠਾਨਕੋਟ, ਹੁਸ਼ਿਆਰਪੁਰ, ਕਪੂਰਥਲਾ ਅਤੇ ਤਰਨਤਾਰਨ ਤੋਂ ਇਲਾਵਾ, ਘੱਗਰ, ਟਾਂਗਰੀ ਅਤੇ ਮਾਰਕੰਡਾ ਦਰਿਆਵਾਂ ਦੇ ਓਵਰਫਲੋਅ ਅਤੇ ਰੋਪੜ ਤੋਂ ਪਾਣੀ ਛੱਡੇ ਜਾਣ ਕਾਰਨ ਹੁਣ ਪਟਿਆਲਾ ਅਤੇ ਜਲੰਧਰ ਵੀ ਪ੍ਰਭਾਵਿਤ ਹੋਏ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਹਨਾਂ ਹੜ੍ਹਾਂ ਨੂੰ ਪੰਜਾਬ ਦੇ ਹਾਲ ਹੀ ਦੇ ਇਤਿਹਾਸ ਦੇ ਸਭ ਤੋਂ ਭਿਆਨਕ ਹੜ੍ਹ ਦੱਸਦਿਆਂ , ਇਸ ਸੰਕਟ ਦੀ ਘੜੀ ਵਿੱਚ ਪ੍ਰਭਾਵਿਤਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ ਏ । ਰਾਜੇਸ਼ ਬਾਲੀ/ਆਕਾਸ਼ਵਾਣੀ ਖ਼ਬਰਾਂ/ਜਲੰਧਰ*

---

ਬੀਤੀ ਸ਼ਾਮ ਰੋਪੜ ਤੋਂ 1 ਲਖ 14 ਲੱਖ ਕਿਊਸਿਕ ਪਾਣੀ ਛੱਡੇ ਜਾਣ ਤੋਂ ਬਾਅਦ, ਜਲੰਧਰ ਪ੍ਰਸ਼ਾਸਨ ਵੱਲੋਂ ਅਹਿਤਿਆਤਨ ਸਲਾਹ ਜਾਰੀ ਕੀਤੀ ਗਈ ਏ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਨੀਵੇਂ ਅਤੇ ਹੜ੍ਹ ਸੰਭਾਵਿਤ ਇਲਾਕਿਆਂ ਦੇ ਲੋਕਾਂ ਨੂੰ ਹੜ੍ਹ ਵਰਗੀ ਕਿਸੇ ਵੀ ਸਥਿਤੀ ਤੋਂ ਬਚਣ ਲਈ,  ਦਰਿਆ ਦੇ ਕਿਨਾਰਿਆਂ ਨੇੜੇ ਜਾਣ ਤੋਂ ਬਚਣ ਅਤੇ ਉੱਚੀਆਂ ਥਾਵਾਂ 'ਤੇ ਰਾਹਤ ਕੈਂਪਾਂ ਵਿੱਚ ਚਲੇ ਜਾਣ ਦੀ ਅਪੀਲ ਕੀਤੀ ਏ। ਡਾ. ਅਗਰਵਾਲ ਨੇ ਬਿਨ੍ਹਾਂ ਕਿਸੇ ਕੰਮ ਤੋਂ ਸਤਲੁਜ ਦੇ ਬੰਨ੍ਹਾਂ 'ਤੇ ਇਕੱਠੇ ਨਾ ਹੋਣ ਦੀ ਅਪੀਲ ਵੀ ਕੀਤੀ।  ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਰਾਹਤ ਕੇਂਦਰਾਂ ਦਾ ਦੌਰਾ ਕਰਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਰਾਹਤ ਕੇਂਦਰਾਂ ਵਿੱਚ ਤਾਇਨਾਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਪੂਰੀ ਲਗਨ ਅਤੇ ਮਿਹਨਤ ਨਾਲ ਡਿਊਟੀ ਨਿਭਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਹੜ੍ਹਾਂ ਦੇ ਹਾਲਾਤ ਵਿੱਚ ਅਗਾਉਂ ਉਚਿਤ ਬੰਦੋਬਸਤ ਯਕੀਨੀ ਬਣਾਏ ਜਾਣ, ਤਾਂ ਜੋ ਲੋੜ ਪੈਣ 'ਤੇ ਲੋਕਾਂ ਨੂੰ ਸੁਚਾਰੂ ਢੰਗ ਅਤੇ ਸਮਰਪਣ ਭਾਵਨਾ ਨਾਲ ਰਾਹਤ ਪ੍ਰਦਾਨ ਕੀਤੀ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਹੜ੍ਹ ਸੰਭਾਵਿਤ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਦੀ ਸਹੂਲਤ ਲਈ, ਜ਼ਿਲ੍ਹੇ ਵਿੱਚ 54 ਰਾਹਤ ਕੇਂਦਰ ਸਥਾਪਤ ਕੀਤੇ

ਗਏ ਨੇ , ਜਿੱਥੇ ਮੈਡੀਕਲ ਸਹੂਲਤ ਤੋਂ ਇਲਾਵਾ ਲੋਕਾਂ ਨੂੰ ਹਰ ਲੋੜੀਂਦੀ ਸਹਾਇਤਾ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ 8 ਰਾਹਤ ਕੇਂਦਰ ਮੌਜੂਦਾ ਸਮੇਂ ਕਾਰਜਸ਼ੀਲ ਨੇ , ਜਿੱਥੇ ਅਹਿਤਿਆਤ ਵਜੋਂ ਸੰਵੇਦਨਸ਼ੀਲ ਇਲਾਕਿਆਂ ਦੇ ਵਸਨੀਕਾਂ ਨੂੰ ਤਬਦੀਲ ਕੀਤਾ ਗਿਆ । ਉਨ੍ਹਾਂ ਇੱਥੇ ਰਹਿ ਰਹੇ ਪਰਿਵਾਰਾਂ ਨੂੰ ਭਰੋਸਾ ਦਿਵਾਇਆ ਕਿ ਘਬਰਾਉਣ ਦੀ ਲੋੜ ਨਹੀਂ ਏ ਪੰਜਾਬ ਸਰਕਾਰ ਉਹਨਾਂ ਦੇ ਨਾਲ ਏ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹੜ੍ਹਾਂ ਸਬੰਧੀ ਜਾਣਕਾਰੀ ਅਤੇ ਸਹਾਇਤਾ ਲਈ ਹੜ੍ਹ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਏ , ਜਿਸਦਾ ਹੈਲਪ ਲਾਈਨ ਨੰਬਰ 0181-224-00-64 ਏ।

---------------------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਦੁਕਾਨਦਾਰਾਂ ਨੂੰ ਪਿਛਲੇ ਦੋ ਦਿਨਾਂ ਤੋਂ ਭਾਰੀ ਬਾਰਿਸ਼ ਦੇ ਮੱਦੇਨਜ਼ਰ ਜ਼ਰੂਰੀ ਵਸਤੂਆਂ ਦੀ ਜਮ੍ਹਾਖੋਰੀ ਅਤੇ ਵੱਧ ਕੀਮਤ ਵਸੂਲਣ ਖਿਲਾਫ ਚੇਤਾਵਨੀ ਦਿੱਤੀ ਏ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਏ ਕਿ ਕੁਝ ਦੁਕਾਨਦਾਰ ਹੜ੍ਹਾਂ ਦਾ ਕਾਰਨ ਦੱਸਦਿਆਂ ਮਹਿੰਗੇ ਭਾਅ 'ਤੇ ਕਰਿਆਨੇ ਦੀਆਂ ਚੀਜ਼ਾਂ, ਸਬਜ਼ੀਆਂ, ਫਲ ਅਤੇ ਹੋਰ ਜ਼ਰੂਰੀ ਚੀਜ਼ਾਂ ਵੇਚ ਰਹੇ ਨੇ। ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਅਜਿਹੇ ਸ਼ੋਸ਼ਣ ਵਾਲੇ ਕੰਮਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਚੇਤਾਵਨੀ ਦਿੱਤੀ ਕਿ ਉਲੰਘਣਾ ਕਰਨ

ਵਾਲਿਆਂ ਨੂੰ ਸਖ਼ਤ ਕਾਨੂੰਨੀ ਨਤੀਜੇ ਭੁਗਤਣੇ ਪੈਣਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜ਼ਰੂਰੀ ਵਸਤੂਆਂ ਦੀ ਸਮੇਂ ਸਿਰ ਵਾਜਬ ਦਰਾਂ 'ਤੇ ਉਪਲਬਧਤਾ ਯਕੀਨੀ ਬਣਾਉਣਾ ਇੱਕ ਸਮੂਹਿਕ ਜ਼ਿੰਮੇਵਾਰੀ ਏ । ਡਾ. ਅਗਰਵਾਲ ਨੇ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਨੂੰ ਜਮ੍ਹਾਖੋਰੀ ਅਤੇ ਨਕਲੀ ਕੀਮਤਾਂ ਵਿੱਚ ਵਾਧੇ ਨੂੰ ਰੋਕਣ ਲਈ ਬਾਜ਼ਾਰਾਂ ਵਿੱਚ ਨਿਯਮਤ ਨਿਰੀਖਣ ਕਰਨ ਦੇ ਵੀ ਨਿਰਦੇਸ਼ ਦਿੱਤੇ।

-----------------------------------------------------------------------

ਲਗਾਤਾਰ ਹੋ ਰਹੀ ਭਾਰੀ ਬਾਰਿਸ਼ ਕਾਰਨ, ਬਿਆਸ ਦਰਿਆ ਤੇ ਕਾਲੀ ਵੇਈਂ ਵਿਚ ਪਾਣੀ ਦਾ ਪੱਧਰ ਵਧਣ ਦੇ ਮੱਦੇਨਜ਼ਰ ਕਪੂਰਥਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਲਈ ਸਲਾਹ ਜਾਰੀ ਕੀਤੀ ਗਈ ਏ । ਸਲਾਹ ਮੁਤਾਬਿਕ ਲੋਕਾਂ ਨੂੰ ਦਰਿਆ ਅਤੇ ਨਾਲ ਲੱਗਦੇ ਧੁੱਸੀ ਬੰਨ੍ਹ ਵੱਲ ਜਾਣ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ ਗਈ ਏ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ । ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਕਿਹਾ ਏ ਕਿ ਲੋਕਾਂ ਦੀ ਜਾਨ- ਮਾਲ ਦੀ ਸਲਾਮਤੀ ਪ੍ਰਸ਼ਾਸ਼ਨ ਦੀ ਤਰਜੀਹ ਏ । ਡਿਪਟੀ ਕਮਿਸ਼ਨਰ ਵੱਲੋਂ ਲੋਕਾਂ ਨੂੰ ਤੁਰੰਤ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਬਾਹਰ ਆਉਣ ਦੀ ਅਪੀਲ ਕੀਤੀ। ਕਿਸੇ ਵੀ ਸਹਾਇਤਾ ਲਈ, ਲੋਕ ਜ਼ਿਲ੍ਹਾ ਪ੍ਰਸ਼ਾਸਨ ਦੇ ਕੰਟਰੋਲ ਰੂਮ ਨੰਬਰਾਂ

62800-49331, 01822-231-990 01828-222-169 'ਤੇ ਸੰਪਰਕ ਕਰ ਸਕਦੇ ਨੇ।

---------------------------------------------------------------------

ਓਧਰ ਫਿਰੋਜਪੁਰ ਰੇਲਵੇ ਡਿਵਿਸ਼ਨ ਵਲੋਂ 84 ਨੰਬਰ ਰੇਲਵੇ ਪੁਲ ਤਕ ਪਾਣੀ ਪਹੁੰਚਣ ਕਾਰਣ ਗਿਦੜਪਿੰਡੀ ਅਤੇ ਮੱਖੂ ਵਿਚਕਾਰ ਬਹੁਤ ਸਾਰੀਆਂ ਰੇਲਗੱਡੀਆਂ ਨੂੰ ਜਾਂ ਤਾ ਰੱਦ ਕਰ ਦਿੱਤਾ ਗਿਆ ਏ ਜਾਂ ਫੇਰ ਇਕ ਸਟੇਸ਼ਨ ਤੇ ਹੀ ਰੋਕ ਦਿੱਤਾ ਗਿਆ ਏ।ਰੇਲਵੇ ਸੂਤਰਾਂ ਮੁਤਾਬਿਕ ਇਨਾ ਵਿਚ ਮੱਖੂ - ਜਲੰਧਰ, ਲੋਹੀਆਂ ਖਾਸ ਤੋਂ ਫਿਰੋਜ਼ਪੁਰ ਛਾਉਣੀ ਰੇਲ ਗੱਡੀਆਂ ਰੱਦ ਕਰ ਦਿਤੀਆਂ ਗਈਆਂ ਨੇ ।

---------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅੱਜ ਤੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰ ਰਹੇ ਨੇ। ਅੱਜ ਸਵੇਰੇ ਫਿਰੋਜ਼ਪੁਰ ਦੇ ਆਪਣੇ ਦੌਰੇ ਦੌਰਾਨ, ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨਾਲ ਮੀਟਿੰਗ ਕੀਤੀ ਅਤੇ ਮੌਜੂਦਾ ਹੜ੍ਹ ਸਥਿਤੀ ਦਾ ਜਾਇਜ਼ਾ ਲਿਆ ਅਤੇ ਰਾਹਤ ਕਾਰਜਾਂ ਦੀ ਪ੍ਰਗਤੀ , ਪ੍ਰਭਾਵਿਤ ਲੋਕਾਂ ਦੇ ਮੁੜ ਵਸੇਬੇ ਲਈ ਉਪਰਾਲਿਆਂ ਬਾਰੇ ਚਰਚਾ ਕੀਤੀ। ਰਾਜਪਾਲ ਨੇ ਅਧਿਕਾਰੀਆਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ, ਸਮੇਂ ਸਿਰ ਸਹਾਇਤਾ ਅਤੇ ਪ੍ਰਭਾਵਸ਼ਾਲੀ ਤਾਲਮੇਲ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੇ ਅੱਜ ਤਰਨਤਾਰਨ ਵੀ ਆਉਣ ਦੀ ਸੰਭਾਵਨਾ

ਏ। ਉਹ ਕੱਲ ਨੂੰ ਅੰਮ੍ਰਿਤਸਰ, ਗੁਰਦਾਸਪੁਰ ਅਤੇ ਪਠਾਨਕੋਟ ਅਤੇ 4 ਸਤੰਬਰ ਨੂੰ ਹੁਸ਼ਿਆਰਪੁਰ ਅਤੇ ਸ੍ਰੀ ਆਨੰਦਪੁਰ ਸਾਹਿਬ ਦਾ ਦੌਰਾ ਕਰਨਗੇ। ਦੌਰੇ ਦੌਰਾਨ, ਸ੍ਰੀ ਕਟਾਰੀਆ ਪ੍ਰਭਾਵਿਤ ਲੋਕਾਂ ਨੂੰ ਮਿਲਣਗੇ ਅਤੇ ਸਬੰਧਤ ਜ਼ਿਲ੍ਹਿਆਂ ਵਿੱਚ ਚੱਲ ਰਹੇ ਰਾਹਤ ਅਤੇ ਮੁੜ ਵਸੇਬੇ ਦੇ ਉਪਰਾਲਿਆਂ ਦਾ ਜਾਇਜ਼ਾ ਲੈਣਗੇ।

--------------------------------------------------------------------

ਇਸੇ ਦੌਰਾਨ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਹੜ੍ਹਾਂ ਤੋਂ ਪ੍ਰਭਾਵਿਤ ਪੰਜਾਬ ਦੇ ਕਿਸਾਨਾਂ ਨੂੰ ਭਰੋਸਾ ਦਿੱਤਾ ਏ, ਕਿ ਕੁਦਰਤੀ ਆਫ਼ਤ ਦੀ ਇਸ ਘੜੀ ਵਿੱਚ, ਕੇਂਦਰ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਏ। ਸ੍ਰੀ ਚੌਹਾਨ ਨੇ ਇਹ ਗੱਲ ਕੱਲ੍ਹ ਨਵੀਂ ਦਿੱਲੀ ਵਿੱਚ ਖੇਤੀਬਾੜੀ ਖੇਤਰ ਦੀ ਰਾਸ਼ਟਰੀ ਸਥਿਤੀ ਦੀ ਸਮੀਖਿਆ ਬਾਰੇ ਇੱਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਹੀ। ਸ੍ਰੀ ਚੌਹਾਨ ਨੇ ਵੱਖ-ਵੱਖ ਰਾਜਾਂ ਵਿੱਚ ਬਾਰਿਸ਼ ਦੀ ਸਥਿਤੀ ਦੀ ਸਮੀਖਿਆ ਕੀਤੀ ਅਤੇ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਹੜ੍ਹਾਂ ਅਤੇ ਫਸਲਾਂ 'ਤੇ ਉਨ੍ਹਾਂ ਦੇ ਅਸਰ ਬਾਰੇ ਅਧਿਕਾਰੀਆਂ ਨਾਲ ਵੇਰਵੇ ਸਹਿਤ ਵਿਚਾਰ-ਵਟਾਂਦਰਾ ਕੀਤਾ। ਸ੍ਰੀ ਚੌਹਾਨ ਨੇ ਕਿਹਾ ਕਿ ਉਹ ਜਲਦ ਹੀ ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨਗੇ, ਤਾਂ ਜੋ ਜ਼ਮੀਨੀ ਸਥਿਤੀ ਦਾ ਜਾਇਜ਼ਾ ਲਿਆ ਜਾ ਸਕੇ ਅਤੇ ਹਰ ਸੰਭਵ ਸਹਾਇਤਾ ਯਕੀਨੀ ਬਣਾਉਣ

ਲਈ ਦੁਖੀ ਕਿਸਾਨਾਂ ਨੂੰ ਨਿੱਜੀ ਤੌਰ 'ਤੇ ਮਿਲਣਗੇ। ਮੰਤਰੀ ਨੇ ਅਨਾਜ ਦੀਆਂ ਫਸਲਾਂ ਦੇ ਨਾਲ-ਨਾਲ ਬਾਗਬਾਨੀ ਵਿੱਚ ਪ੍ਰਗਤੀ ਦੀ ਵੀ ਸਮੀਖਿਆ ਕੀਤੀ। ਸ਼੍ਰੀ ਚੌਹਾਨ ਨੂੰ ਮੰਤਰਾਲੇ ਦੇ ਅਧਿਕਾਰੀਆਂ ਨੇ ਰਾਜਾਂ ਵਿੱਚ ਬਾਰਿਸ਼ ਅਤੇ ਜਲ ਭੰਡਾਰਾਂ ਦੀ ਸਥਿਤੀ ਬਾਰੇ ਹੋਰ ਜਾਣਕਾਰੀ ਦਿੱਤੀ।